# Telephone Conversation between PM and President of the Maldives

April 20, 2020

## ਪ੍ਰਧਾਨ ਮੰਤਰੀ ਅਤੇ ਮਾਲਦੀਵ ਦੇ ਰਾਸ਼ਟਰਪਤੀ ਵਿਚਾਲੇ ਟੈਲੀਫੋਨ 'ਤੇ ਗੱਲਬਾਤ

20 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਮਾਲਦੀਵ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਇਬਰਾਹਿਮ ਮੁਹੰਮਦ ਸੋਲਿਹ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ ਇੱਕ ਦੂਜੇ ਨੂੰ ਆਪੋ ਆਪਣੇ ਦੇਸ਼ਾਂ ਵਿੱਚ ਕੋਵਿਡ-19 ਸੰਕ੍ਰਮਣਾਂ ਦੇ ਮੌਜੂਦਾ ਹਾਲਾਤ ਬਾਰੇ ਤਾਜ਼ਾ ਜਾਣਕਾਰੀ ਦਿੱਤੀ।

ਉਨ੍ਹਾਂ ਇਸ ਗੱਲ ਉੱਤੇ ਤੱਸਲੀ ਜ਼ਾਹਰ ਕੀਤੀ ਕਿ ਸਾਰਕ ਦੇਸ਼ਾਂ ਵਿਚਾਲੇ ਹੋਏ ਸਮਝੌਤੇ ਮੁਤਾਬਕ ਤਾਲਮੇਲ ਦਾ ਪ੍ਰੋਗਰਾਮ ਸਰਗਰਮੀ ਨਾਲ ਲਾਗੂ ਕੀਤਾ ਜਾ ਰਿਹਾ ਹੈ।

ਪ੍ਰਧਾਨ ਮੰਤਰੀ ਇਹ ਜਾਣ ਕੇ ਖੁਸ਼ ਹੋਏ ਕਿ ਪਹਿਲਾਂ ਮਾਲਦੀਵ ਭੇਜੀ ਗਈ ਭਾਰਤੀ ਡਾਕਟਰੀ ਟੀਮ ਅਤੇ ਭਾਰਤ ਵੱਲੋਂ ਤੋਹਫੇ ਵਜੋਂ ਭੇਜੀਆਂ ਗਜਜਣ ਜ਼ਰੂਰੀ ਦਵਾਈਆਂ ਨਾਲ ਇਸ ਟਾਪੂ ਦੇਸ਼ 'ਚ ਸੰਕ੍ਰਮਣਾਂ ਦੇ ਫੈਲਾਅ 'ਤੇ ਕਾਬੂ ਪਾਉਣ ਵਿੱਚ ਮਦਦ ਮਿਲੀ ਹੈ।

ਸੈਰ-ਸਪਾਟੇ ਉੱਤੇ ਨਿਰਭਰ ਆਰਥਿਕਤਾ ਅੱਗੇ ਦਰਪੇਸ਼ ਵਿਸ਼ੇਸ਼ ਚੁਣੌਤੀਆਂ ਦੀ ਗੱਲ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਮਾਲਦੀਵ ਦੇ ਰਾਸ਼ਟਰਪਤੀ ਨੂੰ ਕੋਵਿਡ -19 ਦੇ ਸਿਹਤ ਸੰਬੰਧੀ ਅਤੇ ਆਰਥਿਕ ਪ੍ਰਭਾਵ ਨੂੰ ਘੱਟ ਕਰਨ ਵਿੱਚ ਭਾਰਤ ਵੱਲੋਂ ਲਗਾਤਾਰ ਮਦਦ ਦੇਣ ਦਾ ਭਰੋਸਾ ਦਿੱਤਾ।

ਦੋਨਾਂ ਨੇਤਾਵਾਂ ਨੇ ਇਸ ਗੱਲ 'ਤੇ ਸਹਿਮਤੀ ਪ੍ਰਗਟਾਈ ਕਿ ਉਨ੍ਹਾਂ ਦੇ ਅਧਿਕਾਰੀ ਮੌਜੂਦਾ ਸਿਹਤ ਸੰਕਟ ਕਾਰਨ ਪੈਦਾ ਹੋਣ ਵਾਲੇ ਮਸਲਿਆਂ ਅਤੇ ਦੁਵੱਲੇ ਸਹਿਯੋਗ ਦੇ ਹੋਰ ਪਹਿਲੂਆਂ ਬਾਰੇ ਆਪਸੀ ਸੰਪਰਕ ਵਿਚ ਰਹਿਣਗੇ।

ਨਵੀਂ ਦਿੱਲੀ
20 ਅਪ੍ਰੈਲ, 2020

DISCLAIMER: This is an approximate translation. The original is available in English on MEA’s website and may be referred to as the official press release.